ਭੈਰਉ ਮਹਲਾ ੫ ॥ ਮਨੁ ਤਨੁ ਰਾਤਾ ਰਾਮ ਰੰਗਿ ਚਰਣੇ ॥ ਸਰਬ ਮਨੋਰਥ ਪੂਰਨ ਕਰਣੇ ॥ ਆਠ ਪਹਰ ਗਾਵਤ ਭਗਵੰਤੁ ॥ ਸਤਿਗੁਰਿ ਦੀਨੋ ਪੂਰਾ ਮੰਤੁ ॥ ੧॥ ਸੋ ਵਡਭਾਗੀ ਜਿਸੁ ਨਾਮਿ ਪਿਆਰੁ ॥ ਤਿਸ ਕੈ ਸੰਗਿ ਤਰੈ ਸੰਸਾਰੁ ॥੧॥ ਰਹਾਉ ॥ ਸੋਈ ਗਿਆਨੀ ਜਿ ਸਿਮਰੈ ਏਕ ॥ ਸੋ ਧਨਵੰਤਾ ਜਿਸੁ ਬੁਧਿ ਬਿਬੇਕ ॥ ਸੋ ਕੁਲਵੰਤਾ ਜਿ ਸਿਮਰੈ ਸੁਆਮੀ ॥ ਸੋ ਪਤਿਵੰਤਾ ਜਿ ਆਪੁ ਪਛਾਨੀ ॥ ੨॥ ਗੁਰ ਪਰਸਾਦਿ ਪਰਮ ਪਦੁ ਪਾਇਆ ॥ ਗੁਣ ਗੋੁਪਾਲ ਦਿਨੁ ਰੈਨਿ ਧਿਆਇਆ ॥ ਤੂਟੇ ਬੰਧਨ ਪੂਰਨ ਆਸਾ ॥ ਹਰਿ ਕੇ ਚਰਣ ਰਿਦ ਮਾਹਿ ਨਿਵਾਸਾ ॥੩॥ ਕਹੁ ਨਾਨਕ ਜਾ ਕੇ ਪੂਰਨ ਕਰਮਾ ॥ ਸੋ ਜਨੁ ਆਇਆ ਪ੍ਰਭ ਕੀ ਸਰਨਾ ॥ ਆਪਿ ਪਵਿਤੁ ਪਾਵਨ ਸਭਿ ਕੀਨੇ ॥ ਰਾਮ ਰਸਾਇਣੁ ਰਸਨਾ ਚੀਨ੍ਹੇ ॥੪॥੩੫॥੪੮॥ {ਪੰਨਾ 1150}

ਪਦਅਰਥ:- ਰਾਤਾ—ਰੰਗਿਆ ਗਿਆ। ਰਾਮ ਰੰਗਿ ਚਰਣੇ—ਰਾਮ ਦੇ ਚਰਨਾਂ ਦੇ ਪਿਆਰ ਵਿਚ। ਮਨੋਰਥ—ਲੋੜਾਂ, ਮੰਗਾਂ। ਗਾਵਤ—ਗਾਂਦਿਆਂ। ਸਤਿਗੁਰਿ—ਗੁਰੂ ਨੇ। ਮੰਤੁ—ਉਪਦੇਸ਼, ਨਾਮ-ਮੰਤ੍ਰ।1।

ਨਾਮਿ—ਨਾਮ ਵਿਚ। ਤਿਸ ਕੈ ਸੰਗਿ—ਉਸ ਦੀ ਸੰਗਤਿ ਵਿਚ {ਸੰਬੰਧਕ 'ਕੈ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਤਰੈ—(ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।1। ਰਹਾਉ।

ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ। ਜਿ—ਜਿਹੜਾ ਮਨੁੱਖ। ਬੁਧਿ ਬਿਬੇਕ—(ਚੰਗੇ ਮੰਦੇ ਕਰਮ ਦੀ) ਪਰਖ ਦੀ ਅਕਲ। ਕੁਲਵੰਤਾ—ਚੰਗੀ ਕੁਲ ਵਾਲਾ। ਪਤਿਵੰਤਾ—ਇੱਜ਼ਤ ਵਾਲਾ। ਆਪੁ—ਆਪਣੇ ਆਪ ਨੂੰ, ਆਪਣੇ ਆਚਰਨ ਨੂੰ।2।

ਪਰਸਾਦਿ—ਕਿਰਪਾ ਨਾਲ। ਪਰਮ—ਸਭ ਤੋਂ ਉੱਚਾ। ਪਦੁ—ਆਤਮਕ ਦਰਜਾ। ਗੋੁਪਾਲ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ 'ਗੋਪਾਲ', ਇਥੇ ਪੜ੍ਹਨਾ ਹੈ 'ਗੁਪਾਲ'}। ਰੈਨਿ—ਰਾਤ। ਬੰਧਨ—ਮਾਇਆ ਦੇ ਮੋਹ ਦੀਆਂ ਫਾਹੀਆਂ। ਰਿਦ ਮਾਹਿ—ਹਿਰਦੇ ਵਿਚ।3।

ਜਾ ਕੇ—ਜਿਸ (ਮਨੁੱਖ) ਦੇ। ਪੂਰਨ ਕਰਮਾ—ਪੂਰੇ ਭਾਗ, ਚੰਗੀ ਕਿਸਮਤ। ਸੋ—ਉਹ {ਇਕ-ਵਚਨ}। ਪਾਵਨ—ਪਵਿੱਤਰ ਜੀਵਨ ਵਾਲੇ। ਸਭਿ—ਸਾਰੇ। ਰਸਾਇਣੁ—{ਰਸ-ਅਯਨ। ਰਸਾਂ ਦਾ ਘਰ} ਸਭ ਰਸਾਂ ਤੋਂ ਸ੍ਰੇਸ਼ਟ ਰਸ। ਰਸਨਾ—ਜੀਭ (ਨਾਲ)। ਚੀਨ੍ਹੇ—ਪਛਾਣਿਆ, ਮਾਣਿਆ।4।

ਅਰਥ:- ਹੇ ਭਾਈ! ਜਿਸ ਮਨੁੱਖ ਦਾ ਪਰਮਾਤਮਾ ਦੇ ਨਾਮ ਵਿਚ ਪਿਆਰ ਬਣ ਗਿਆ ਹੈ, ਉਹ ਵੱਡੇ ਭਾਗਾਂ ਵਾਲਾ ਹੈ। ਉਸ (ਮਨੁੱਖ) ਦੀ ਸੰਗਤਿ ਵਿਚ ਸਾਰਾ ਜਗਤ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।1। ਰਹਾਉ।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ (ਸਾਰੇ ਗੁਣਾਂ ਨਾਲ) ਭਰਪੂਰ ਨਾਮ-ਮੰਤ੍ਰ ਦੇ ਦਿੱਤਾ, (ਉਸ ਦੀ ਉਮਰ) ਅੱਠੇ ਪਹਰ ਭਗਵਾਨ ਦੇ ਗੁਣ ਗਾਂਦਿਆਂ (ਬੀਤਦੀ ਹੈ), ਪਰਮਾਤਮਾ ਉਸ ਦੀਆਂ ਸਾਰੀਆਂ ਲੋੜਾਂ ਪੂਰੀਆਂ ਕਰਦਾ ਰਹਿੰਦਾ ਹੈ, ਉਸ ਦਾ ਮਨ ਉਸ ਦਾ ਤਨ ਪਰਮਾਤਮਾ ਦੇ ਚਰਨਾਂ ਦੇ ਪਿਆਰ ਵਿਚ ਮਸਤ ਰਹਿੰਦਾ ਹੈ।1।

ਹੇ ਭਾਈ! ਜਿਹੜਾ ਮਨੁੱਖ ਇਕ ਪ੍ਰਭੂ ਦਾ ਨਾਮ ਸਿਮਰਦਾ ਰਹਿੰਦਾ ਹੈ, ਉਹੀ ਆਤਮਕ ਜੀਵਨ ਦੀ ਸੂਝ ਵਾਲਾ ਹੁੰਦਾ ਹੈ। ਜਿਸ ਮਨੁੱਖ ਨੂੰ ਚੰਗੇ ਮੰਦੇ ਕਰਮ ਦੀ ਪਰਖ ਦੀ ਅਕਲ ਆ ਜਾਂਦੀ ਹੈ ਉਹ ਮਨੁੱਖ ਨਾਮ-ਧਨ ਦਾ ਮਾਲਕ ਬਣ ਜਾਂਦਾ ਹੈ। ਜਿਹੜਾ ਮਨੁੱਖ ਮਾਲਕ-ਪ੍ਰਭੂ ਨੂੰ ਯਾਦ ਕਰਦਾ ਰਹਿੰਦਾ ਹੈ ਉਹ (ਸਭ ਤੋਂ ਉੱਚੇ ਪ੍ਰਭੂ ਨਾਲ ਛੁਹ ਕੇ) ਉੱਚੀ ਕੁਲ ਵਾਲਾ ਬਣ ਗਿਆ। ਜਿਹੜਾ ਮਨੁੱਖ ਆਪਣੇ ਆਚਰਨ ਨੂੰ ਪੜਤਾਲਦਾ ਰਹਿੰਦਾ ਹੈ ਉਹ (ਲੋਕ ਪਰਲੋਕ ਵਿਚ) ਇੱਜ਼ਤ ਵਾਲਾ ਹੋ ਜਾਂਦਾ ਹੈ।2।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਦਿਨ ਰਾਤ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ

ਦਿੱਤੇ, ਉਸ ਨੂੰ ਸਭ ਤੋਂ ਉੱਚਾ ਆਤਮਕ ਦਰਜਾ ਮਿਲ ਗਿਆ। ਉਸ ਦੀਆਂ ਮਾਇਆ ਦੇ ਮੋਹ ਦੀਆਂ ਸਭ ਫਾਹੀਆਂ ਟੁੱਟ ਗਈਆਂ, ਉਸ ਦੀਆਂ ਸਭ ਆਸਾਂ ਪੂਰੀਆਂ ਹੋ ਗਈਆਂ, ਪਰਮਾਤਮਾ ਦੇ ਚਰਨ ਉਸ ਦੇ ਹਿਰਦੇ ਵਿਚ (ਸਦਾ ਲਈ) ਟਿਕ ਗਏ।੩।

ਹੇ ਨਾਨਕ! ਆਖ—(ਹੇ ਭਾਈ!) ਜਿਸ ਮਨੁੱਖ ਦੇ ਪੂਰੇ ਭਾਗ ਜਾਗ ਪੈਂਦੇ ਹਨ, ਉਹ ਮਨੁੱਖ ਪਰਮਾਤਮਾ ਦੀ ਸਰਨ ਵਿਚ ਆ ਪੈਂਦਾ ਹੈ। ਉਹ ਮਨੁੱਖ ਆਪ ਸੁੱਚੇ ਆਚਰਨ ਵਾਲਾ ਬਣ ਜਾਂਦਾ ਹੈ (ਜਿਹੜੇ ਉਸ ਦੀ ਸੰਗਤਿ ਕਰਦੇ ਹਨ ਉਹਨਾਂ) ਸਾਰਿਆਂ ਨੂੰ ਭੀ ਪਵਿੱਤਰ ਜੀਵਨ ਵਾਲਾ ਬਣਾ ਲੈਂਦਾ ਹੈ। ਉਹ ਮਨੁੱਖ ਆਪਣੀ ਜੀਭ ਨਾਲ ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਨੂੰ ਚੱਖਦਾ ਰਹਿੰਦਾ ਹੈ।4। 35। 48।